## ਡਾਇਰੈਕਟੋਰੇਟ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।

### ਦਫਤਰੀ ਹੁਕਮ

ਨੰ: 4ਐਮਈ 2-ਪੰ:-13/ 20935 ਮਿਤੀ, ਚੰਡੀਗੜ੍ਹ:- 26/12/13

ਇਸ ਦਫਤਰੀ ਹੁਕਮ ਰਾਹੀਂ ਹੇਠ ਲਿਖੇ ਆਪਰੇਸਨ ਥਿਏਟਰ ਸਹਾਇਕ ਕਰਮਚਾਰੀਆਂ ਦੀ ਤਰੱਕੀ ਬਤੌਰ ਆਪਰੇਸਨ ਥਿਏਟਰ ਸੁਪਰਵਾਇਜਰ ਤਨਖਾਹ ਸਕੇਲ ਰੁਪਏ 10300 – 34800 ਜਮਾ 3200 ਰੁਪਏ ਗਰੇਡ ਪੇ ਵਿਚ ਵਿਭਾਗ ਦੀ ਪੈਰਾ ਮੈਡੀਕਲ ਸਟਾਫ ਦੀਆਂ ਅਸਾਮੀਆਂ ਦੇ ਡਰਾਫਟ ਰੂਲਾਂ ਵਿਚ ਦਰਜ ਉਪਬੰਧਾਂ ਦੇ ਤਹਿਤ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀ ਦੀ ਤਰੱਕੀ ਉਪਰੰਤ ਤੈਨਾਤੀ ਇਹਨਾਂ ਦੇ ਨਾਵਾਂ ਸਾਹਮਣੇ ਦਰਸਾਈ ਸੰਸਥਾਵਾਂ ਵਿਚ ਵਿਖੇ ਕੀਤੀ ਜਾਂਦੀ ਹੈ:-

| ਲੜੀ ਨੰ: | ਕਰਮਚਾਰੀ/ ਕਰਮਚਾਰਨ ਦਾ ਨਾਂ ਅਤੇ ਮੌਜੂਦਾ ਤੈਨਾਤੀ ਦੀ ਥਾਂ ਤੇ | ਤਰੱਕੀ ਉਪਰੰਤ ਤੈਨਾਤੀ ਦੀ ਥਾਂ | ਵਿਸੇਸ ਕਥਨ |
|---|---|---|---|
| 1 | ਸ੍ਰੀ ਬਲਵਿੰਦਰ ਸਿੰਘ ਪੁੱਤਰ ਸ੍ਰੀ ਫਕੀਰ ਚੰਦ, ਆਪਰੇਸਨ ਥਿਏਟਰ ਸਹਾਇਕ, ਰਾਜਿੰਦਰਾ ਹਸਪਤਾਲ, ਪਟਿਆਲਾ | ਐਸ.ਜੀ.ਟੀ.ਬੀ.ਹਸਪਤਾਲ, ਅਮ੍ਰਿੰਤਸਰ | |
| 2 | ਸ੍ਰੀ ਮਤੀ ਇੰਦਰਜੀਤ ਕੌਰ ਪੁੱਤਰੀ ਸ੍ਰੀ ਕਰਨੈਲ ਸਿੰਘ, ਆਪਰੇਸਨ ਥਿਏਟਰ ਸਹਾਇਕ, ਰਾਜਿੰਦਰਾ ਹਸਪਤਾਲ, ਪਟਿਆਲਾ | ਐਸ.ਜੀ.ਟੀ.ਬੀ.ਹਸਪਤਾਲ, ਅਮ੍ਰਿੰਤਸਰ | |

ਇਹ ਤਰੱਕੀ ਹੇਠ ਲਿਖੀ ਸਰਤਾਂ ਤੇ ਕੀਤੀ ਜਾਂਦੀ ਹੈ:-

1. ਇਹ ਤਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾਂ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁੰਰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੌੜੀਦੀਂ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁੰਰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ ਤਰੀਕੇ ਨਾਲ ਪਾਰ ਕਰਨਾਂ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾਂ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾਂ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ, 15 ਦਿਨਾਂ ਦੇ ਅੰਦਰ ਅੰਦਰ, ਦੇ ਅੰਦਰ-2 ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁਦਾਂ ਤਾਂ ਉਸ ਦੀ ਤਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 3 ਸਾਲ ਦੇ ਸਮੇਂ ਲਈ ਡਿਬਾਰ ਕੀਤਾ ਜਾਵੇਗਾ।

5. ਕਰਮਚਾਰੀ ਨੂੰ ਤਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸਰਤਾਂ ਦੀ ਸਹਿਮਤੀ ਬਾਰੇ ਤਸਦੀਕਸੁਦਾ ਹਲਫਿਆ ਬਿਆਨ ਲੈ ਲਿਆ ਜਾਵੇ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਟ, ਜੋ ਸੰਸਥਾਂ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6.ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਹਨਾਂ ਕਰਮਚਾਰੀਆਂ ਦੀ ਤਰੱਕੀ ਬਤੌਰ ਆਪਰੇਸਨ ਥਿਏਟਰ ਸੁਪਰਵਾਇਜਰ ਨਹੀਂ ਕੀਤੀ ਜਾਂਦੀ ਤਾਂ ਉਹਨਾਂ ਨੇ ਆਪਰੇਸਨ ਥਿਏਟਰ ਸਹਾਇਕ ਦੀ ਪੁਰਾਣੀ ਆਸਾਮੀ ਤੇ ਹੀ ਕੰਮ ਕਰਨਾ ਸੀ।

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ:13/ ਮਿਤੀ ਚੰਡੀਗੜ੍ਹ:-

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜੀਆ ਜਾਂਦਾ ਹੈ।

ਕਰਮਚਾਰੀਆਂ ਦੀ ਫਾਰਗੀ ਅਤੇ ਹਾਜਰੀ ਰਿਪ੍ਰੋਟਾਂ ਇਸ ਦਫਤਰ ਨੂੰ ਭੇਜੀਆਂ ਜਾਣ:-

1. ਮੈਡੀਕਲ ਸੁਪਰਡੰਟ, ਐਸ.ਜੀ.ਟੀ.ਬੀ.ਹਸਪਤਾਲ, ਅਮ੍ਰਿਤਸਰ।
2. ਮੈਡੀਕਲ ਸੁਪਰਡੰਟ, ਰਾਜਿੰਦਰਾ ਹਸਪਤਾਲ, ਪਟਿਆਲਾ।
3. ਸ੍ਰੀ ਮਤੀ ਬਲਵਿੰਦਰ ਸਿੰਘ ਪੁੱਤਰ ਸ੍ਰੀ ਫਕੀਰ ਚੰਦ, ਆਪਰੇਸਨ ਥਿਏਟਰ ਸਹਾਇਕ, ਰਾਜਿੰਦਰਾ ਹਸਪਤਾਲ, ਪਟਿਆਲਾ।
4. ਸ੍ਰੀ ਮਤੀ ਇੰਦਰਜੀਤ ਕੌਰ ਪੁੱਤਰੀ ਸ੍ਰੀ ਕਰਨੈਲ ਸਿੰਘ, ਆਪਰੇਸਨ ਥਿਏਟਰ ਸਹਾਇਕ, ਰਾਜਿੰਦਰਾ ਹਸਪਤਾਲ, ਪਟਿਆਲਾ

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।